ਰਾਗੁ ਕਾਨੜਾ ਚਉਪਦੇ ਮਹਲਾ ੪ ਘਰੁ ੧ ੧ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥ ਮੇਰਾ ਮਨੁ ਸਾਧ ਜਨਾਂ ਮਿਲਿ ਹਰਿਆ ॥ ਹਉ ਬਲਿ ਬਲਿ ਬਲਿ ਬਲਿ ਸਾਧ ਜਨਾਂ ਕਉ ਮਿਲਿ ਸੰਗਤਿ ਪਾਰਿ ਉਤਰਿਆ ॥੧॥ ਰਹਾਉ ॥ ਹਰਿ ਹਰਿ ਕ੍ਰਿਪਾ ਕਰਹੁ ਪ੍ਰਭ ਅਪਨੀ ਹਮ ਸਾਧ ਜਨਾਂ ਪਗ ਪਰਿਆ ॥ ਧਨੁ ਧਨੁ ਸਾਧ ਜਿਨ ਹਰਿ ਪ੍ਰਭੁ ਜਾਨਿਆ ਮਿਲਿ ਸਾਧੂ ਪਤਿਤ ਉਧਰਿਆ ॥ ੧॥ ਮਨੂਆ ਚਲੈ ਚਲੈ ਬਹੁ ਬਹੁ ਬਿਧਿ ਮਿਲਿ ਸਾਧੂ ਵਸਗਤਿ ਕਰਿਆ ॥ ਜਿਉਂ ਜਲ ਤੰਤੁ ਪਸਾਰਿਓ ਬਧਕਿ ਗ੍ਰਸਿ ਮੀਨਾ ਵਸਗਤਿ ਖਰਿਆ ॥੨॥ ਹਰਿ ਕੇ ਸੰਤ ਸੰਤ ਭਲ ਨੀਕੇ ਮਿਲਿ ਸੰਤ ਜਨਾ ਮਲੁ ਲਹੀਆ ॥ ਹਉਮੈ ਦੁਰਤੁ ਗਇਆ ਸਭੁ ਨੀਕਰਿ ਜਿਉ ਸਾਬੁਨਿ ਕਾਪਰੁ ਕਰਿਆ ॥੩॥ ਮਸਤਕਿ ਲਿਲਾਟਿ ਲਿਖਿਆ ਧੁਰਿ ਠਾਕੁਰਿ ਗੁਰ ਸਤਿਗੁਰ ਚਰਨ ਉਰ ਧਰਿਆ ॥ ਸਭੁ ਦਾਲਦੁ ਦੂਖ ਭੰਜ ਪ੍ਰਭੁ ਪਾਇਆ ਜਨ ਨਾਨਕ ਨਾਮਿ ਉਧਰਿਆ ॥ ੪॥੧॥

{ਪੰਨਾ 1294}

ਪਦ ਅਰਥ:- ਮਿਲਿ—ਮਿਲ ਕੇ। ਹਰਿਆ—ਹਰਾ-ਭਰਾ, ਆਤਮਕ ਜੀਵਨ ਵਾਲਾ। ਹਉ—ਹਉਂ, ਮੈਂ। ਬਲਿ ਬਲਿ—ਸਦਕੇ, ਕੁਰਬਾਨ।1। ਰਹਾਉ।

ਹਰਿ—ਹੇ ਹਰੀ! ਪ੍ਰਭ—ਹੇ ਪ੍ਰਭੂ! ਪਗ—ਪੈਰੀਂ, ਚਰਨੀਂ। ਪਰਿਆ—ਪਿਆ ਰਹਾਂ। ਹਮ—ਅਸੀ, ਮੈਂ। ਧਨੁ ਧਨੁ—ਧੰਨ, ਭਾਗਾਂ ਵਾਲੇ। ਪਤਿਤ—ਵਿਕਾਰਾਂ ਵਿਚ ਡਿੱਗੇ ਹੋਏ ਮਨੁੱਖ। ਉਧਰਿਆ—(ਵਿਕਾਰਾਂ ਤੋਂ) ਬਚ ਜਾਂਦੇ ਹਨ।1।

ਚਲੈ ਚਲੈ—ਮੁੜ ਮੁੜ ਭਟਕਦਾ ਫਿਰਦਾ ਹੈ। ਵਸਗਤਿ—ਵੱਸ ਵਿਚ। ਜਲ ਤੰਤੁ—(ਮੱਛੀਆਂ ਫੜਨ ਵਾਲਾ) ਜਾਲ। ਬਧਕਿ—ਬੱਧਕ ਨੇ, ਸ਼ਿਕਾਰੀ ਨੇ। ਗ੍ਰਸਿ—ਫੜ ਕੇ। ਮੀਨਾ—ਮੱਛੀ। ਖਰਿਆ—ਲੈ ਗਿਆ।2।

ਭਲ—ਭਲੇ। ਨੀਕੇ—ਚੰਗੇ। ਲਹੀਆ—ਲਹਿ ਜਾਂਦੀ ਹੈ। ਦੁਰਤੁ—ਪਾਪ। ਗਇਆ ਨੀਕਰਿ—ਨਿਕਲ ਗਿਆ। ਸਾਬੁਨਿ—ਸਾਬਣ ਨਾਲ। ਕਾਪਰੁ—ਕੱਪੜਾ। ਕਰਿਆ—(ਮਲ-ਰਹਿਤ) ਕਰ ਲਈਦਾ ਹੈ।3।

ਮਸਤਕਿ—ਮੱਥੇ ਉੱਤੇ। ਲਿਲਾਟਿ—ਮੱਥੇ ਉੱਤੇ। ਧੁਰਿ—ਧੁਰ ਦਰਗਾਹ ਤੋਂ। ਠਾਕੁਰਿ—ਠਾਕੁਰ ਪ੍ਰਭੂ ਨੇ। ਉਰ—ਹਿਰਦਾ। ਸਭੁ—ਸਾਰਾ। ਦਾਲਦੁ—ਗਰੀਬੀ। ਦਾਲਦ ਦੂਖ ਭੰਜ—ਗਰੀਬੀ ਤੇ ਦੁੱਖਾਂ ਦਾ ਨਾਸ ਕਰਨ ਵਾਲਾ। ਨਾਮਿ—ਨਾਮ ਦੀ ਰਾਹੀਂ। ਉਧਰਿਆ—ਸੰਸਾਰ-ਸਮੁੰਦਰ ਤੋਂ ਪਾਰ ਲੰਘ ਗਿਆ।4।

ਅਰਥ:- ਹੇ ਭਾਈ! ਮੇਰਾ ਮਨ ਸੰਤ ਜਨਾਂ ਨੂੰ ਮਿਲ ਕੇ ਆਤਮਕ ਜੀਵਨ ਵਾਲਾ ਬਣ ਗਿਆ ਹੈ। ਮੈਂ ਸੰਤ ਜਨਾਂ ਤੋਂ ਸਦਕੇ ਜਾਂਦਾ ਹਾਂ ਕੁਰਬਾਨ ਜਾਂਦਾ ਹਾਂ। (ਸੰਤ ਜਨਾਂ ਦੀ) ਸੰਗਤਿ ਵਿਚ ਮਿਲ ਕੇ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਈਦਾ ਹੈ।1। ਰਹਾਉ।

ਹੇ ਹਰੀ! ਹੇ ਪ੍ਰਭੂ! (ਮੇਰੇ ਉਤੇ) ਆਪਣੀ ਮਿਹਰ ਕਰ, ਮੈਂ ਸੰਤ ਜਨਾਂ ਦੀ ਚਰਨੀਂ ਲੱਗਾ ਰਹਾਂ। ਹੇ ਭਾਈ! ਸ਼ਾਬਾਸ਼ ਹੈ ਸੰਤ ਜਨਾਂ ਨੂੰ ਜਿਨ੍ਹਾਂ ਨੇ ਪਰਮਾਤਮਾ ਨਾਲ ਡੂੰਘੀ ਸਾਂਝ ਪਾਈ ਹੋਈ ਹੈ। ਸੰਤ ਜਨਾਂ ਨੂੰ ਮਿਲ ਕੇ ਵਿਕਾਰਾਂ ਵਿਚ ਡਿੱਗੇ ਹੋਏ ਮਨੁੱਖ ਵਿਕਾਰਾਂ ਤੋਂ ਬਚ ਜਾਂਦੇ ਹਨ।1।

ਹੇ ਭਾਈ! (ਮਨੁੱਖ ਦਾ) ਮਨ (ਆਮ ਤੌਰ ਤੇ) ਕਈ ਤਰੀਕਿਆਂ ਨਾਲ ਸਦਾ ਭਟਕਦਾ ਫਿਰਦਾ ਹੈ, ਸੰਤ ਜਨਾਂ ਨੂੰ ਮਿਲ ਕੇ (ਇਉਂ) ਵੱਸ ਵਿਚ ਕਰ ਲਈਦਾ ਹੈ, ਜਿਵੇਂ ਕਿਸੇ ਸ਼ਿਕਾਰੀ ਨੇ ਜਾਲ ਖਿਲਾਰਿਆ, ਅਤੇ ਮੱਛੀ ਨੂੰ (ਕੁੰਡੇ ਵਿਚ) ਫਸਾ ਕੇ ਕਾਬੂ ਕਰ ਕੇ ਲੈ ਗਿਆ।2।

ਹੇ ਭਾਈ! ਪਰਮਾਤਮਾ ਦੇ ਸੇਵਕ ਸੰਤ ਜਨ ਭਲੇ ਅਤੇ ਚੰਗੇ ਜੀਵਨ ਵਾਲੇ ਹੁੰਦੇ ਹਨ, ਸੰਤ ਜਨਾਂ ਨੂੰ ਮਿਲ ਕੇ (ਮਨ ਦੀ ਵਿਕਾਰਾਂ ਦੀ) ਮੈਲ ਲਹਿ ਜਾਂਦੀ ਹੈ। ਜਿਵੇਂ ਸਾਬਣ ਨਾਲ ਕੱਪੜਾ (ਸਾਫ਼) ਕਰ ਲਈਦਾ ਹੈ, (ਤਿਵੇਂ ਸੰਤ ਜਨਾਂ ਦੀ

ਸੰਗਤਿ ਵਿਚ ਮਨੁੱਖ ਦੇ ਅੰਦਰੋਂ) ਹਉਮੈ ਦਾ ਵਿਕਾਰ ਸਾਰਾ ਨਿਕਲ ਜਾਂਦਾ ਹੈ।3।

ਹੇ ਦਾਸ ਨਾਨਕ! ਜਿਸ ਮਨੁੱਖ ਦੇ ਮੱਥੇ ਉੱਤੇ ਠਾਕੁਰ-ਪ੍ਰਭੂ ਨੇ ਧੁਰ ਦਰਗਾਹ ਤੋਂ (ਗੁਰੂ-ਮਿਲਾਪ ਦਾ ਲੇਖ) ਲਿਖ ਦਿੱਤਾ, ਉਸ ਨੇ ਗੁਰੂ ਦੇ ਚਰਨ ਆਪਣੇ ਹਿਰਦੇ ਵਿਚ ਵਸਾ ਲਏ। ਉਸ ਨੇ ਉਹ ਪਰਮਾਤਮਾ ਲੱਭ ਲਿਆ ਜਿਹੜਾ ਸਾਰੀ ਗ਼ਰੀਬੀ ਸਾਰੇ ਦੁੱਖਾਂ ਦਾ ਨਾਸ ਕਰਨ ਵਾਲਾ ਹੈ। ਉਹ ਮਨੁੱਖ ਨਾਮ ਵਿਚ (ਜੁੜ ਕੇ ਸੰਸਾਰ-ਸਮੁੰਦਰ ਤੋਂ) ਪਾਰ ਲੰਘ ਗਿਆ।4।1।